# ਡਾਇਰੈਕਟਰ, ਸਿੱਖਿਆ ਭਰਤੀ ਡਾਇਰੈਕਟੋਰੇਟ ਪੰਜਾਬ।
# ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਫੇਸ-3ਬੀ-1, ਮੋਹਾਲੀ।

---

## ਉਮੀਦਵਾਰਾਂ ਲਈ ਹਦਾਇਤਾਂ

Society For Promotion of Quality Education for Poor and Meritorious Students of Punjab ਵੱਲੋਂ ਮੈਰੀਟੋਰੀਅਸ ਲੈਕਚਰਾਰਾਂ (ਬਾਇਓਲੋਜੀ, ਕੈਮਿਸਟਰੀ, ਕਾਮਰਸ, ਇਕਨਾਮਿਕਸ, ਅੰਗਰੇਜੀ, ਹਿਸਟਰੀ, ਫ਼ਿਜ਼ਿਕਸ, ਗਣਿਤ, ਪੋਲੀਟੀਕਲ ਸਾਇੰਸ ਅਤੇ ਪੰਜਾਬੀ ਵਿਸ਼ਿਆਂ ਦੀਆਂ ਕੁੱਲ 157) ਅਸਾਮੀਆਂ ਭਰਨ ਲਈ ਉਮੀਦਵਾਰਾਂ ਵੱਲੋਂ, ਵਿਭਾਗ ਦੀ ਵੈਬਸਾਈਟ www.educationrecruitmentboard.com ਤੇ ਆਨਲਾਈਨ ਦਰਖਾਸਤਾਂ ਦੀ ਮੰਗ ਕੀਤੀ ਗਈ ਸੀ।ਜਿਹੜੇ ਉਮੀਦਵਾਰਾਂ ਨੇ ਇਨ੍ਹਾਂ ਅਸਾਮੀਆਂ ਲਈ ਅਪਲਾਈ ਕੀਤਾ ਸੀ,ਉਨ੍ਹਾਂ ਦਾ ਮਿਤੀ 11.08.2018 ਅਤੇ 12.08.2018 ਨੂੰ ਲਿਖਤੀ ਟੈਸਟ ਲਿਆ ਗਿਆ ਸੀ। ਇਸ ਲਿਖਤੀ ਟੈਸਟ ਦਾ ਨਤੀਜਾ ਮਿਤੀ 24.08.2018 ਨੂੰ ਵਿਭਾਗ ਦੀ ਵੈਬਸਾਇਟ ਉਪਰ ਪਾਇਆ ਗਿਆ ਸੀ। ਉਪਰੋਕਤ ਵਿਸਿਆਂ ਵਿੱਚੋ ਹਾਇਰ ਮੈਰਿਟ ਵਿੱਚ ਆਉਣ ਵਾਲੇ ਉਮੀਦਵਾਰਾਂ ਦੇ ਅਸਲ ਦਸਤਾਵੇਜ਼ਾਂ ਦੀ ਸਕਰੂਟਨੀ 29.08.2018 ਨੂੰ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਮਾਈਰੋਸਾਫ਼ਟ ਬਿਲਡਿੰਗ ਫੇਜ 3 ਬੀ-1 ਐਸ.ਏ.ਐਸ.ਨਗਰ ਵਿਖੇ ਸਵੇਰੇ 09.00 ਵਜੇ ਤੋਂ ਸ਼ਾਮ 3.00 ਵੱਜੇ ਤੱਕ ਸੱਦਾ ਦਿੱਤਾ ਜਾਂਦਾ ਹੈ।

ਬਿਨੈਕਾਰ ਨਿਰਧਾਰਤ ਸਡਿਊਲ ਅਨੁਸਾਰ ਦਸਤਾਵੇਜਾਂ ਦੀ ਸਕਰੂਟਨੀ ਤੇ ਆਉਣ ਤੋਂ ਪਹਿਲਾਂ ਹੇਠ ਦਰਸਾਏ ਅਨੁਸਾਰ **ਸਕਰੂਟਨੀ ਫਾਰਮ ਵਿਭਾਗ ਦੀ ਵੈਬਾਈਟ ਤੋਂ ਡਾਊਨਲੋਡ ਕਰਕੇ ਉਸ ਨੂੰ ਸਾਫ਼ ਸੁੱਥਰਾ ਭਰਨ ਉਪਰੰਤ ਆਪਣੇ ਸਰਟੀਫਿਕੇਟਾਂ ਨੂੰ ਇੱਕ Running PDF ਤਿਆਰ ਕਰਕੇ** meritoriousschools2018@gmail.com **ਤੇ ਈਮੇਲ ਦੇ SUBJECT ਕਾਲਮ ਵਿੱਚ ਆਪਣਾ ਰਜਿਸਟਰੇਸ਼ਨ ਨੰਬਰ ਅਤੇ ਨਾਮ ਭਰ ਕੇ e-mail** ਕਰੇਗਾ।

1. ਜਨਮ ਮਿਤੀ ਸਬੰਧੀ ਦਸਵੀ ਦਾ ਸਰਟੀਫਿਕੇਟ
2. ਪੰਜਾਬੀ ਪਾਸ ਕਰਨ ਦਾ ਸਬੂਤ(ਦਸਵੀਂ ਕਲਾਸ ਜਾਂ ਉਚੇਰੀ ਪੱਧਰ ਤੇ)
3. ਪੋਸਟ ਗਰੈਜੂਏਸ਼ਨ ਸਬੰਧਤ ਵਿਸ਼ੇ ਵਿੱਚ ਦੀ DMC ਅਤੇ ਡਿਗਰੀ।
4. ਬੀ.ਐਡ.ਦੀ DMC ਅਤੇ ਡਿਗਰੀ।
5. ਕੈਟਾਗਰੀ ਨਾਲ ਸਬੰਧਤ ਸਰਟੀਫਿਕੇਟ।
6. ਪੰਜਾਬ ਰਾਜ ਵਸਨੀਕ ਹੋਣ ਦਾ ਸਬੂਤ(ਕੇਵਲ ਉਹੀ ਉਮੀਦਵਾਰ ਜਿਨ੍ਹਾਂ ਨੇ ਕਿਸੇ ਰਿਜ਼ਰਵ ਕੈਟਾਗਰੀ ਵਿੱਚ ਅਪਲਾਈ ਕੀਤਾ ਹੈ)।
7. ਆਮਦਨ ਸਬੰਧੀ ਸਵੈ-ਘੋਸ਼ਣਾ ਪੱਤਰ (ਵਿਭਾਗ ਦੀ ਵੈਬਸਾਈਟ ਤੋਂ ਡਾਊਨਲੋਡ ਕਰਕੇ ਭਰਨ ਉਪਰੰਤ) ਜਿਹੜੇ ਉਮੀਦਵਾਰਾਂ ਨੇ ਪੱਛੜੀ ਸ਼੍ਰੇਣੀ ਕੈਟਾਗਰੀ ਵਿੱਚ ਅਪਲਾਈ ਕੀਤਾ ਹੈ)।

8. ਵਿਦਿਅਕ ਯੋਗਤਾ ਸਬੰਧੀ ਸਵੈ-ਘੋਸ਼ਣਾ ਸਬੰਧੀ ਪ੍ਰੋਫਾਰਮਾ।(ਜਿਨ੍ਹਾਂ ਉਮੀਦਵਾਰਾਂ ਨੇ ਪੰਜਾਬ ਰਾਜ ਤੋ ਬਾਹਰਲੇ ਰਾਜਾਂ ਤੋਂ ਵਿਦਿਅਕ ਯੋਗਤਾ ਪ੍ਰਾਪਤ ਕੀਤੀ ਹੈ)

ਉਮੀਦਵਾਰ ਦਸਤਾਵੇਜਾਂ ਦੀ ਸਕਰੂਟਨੀ ਤੇ ਆਉਣ ਸਮੇਂ ਆਪਣੇ ਨਾਲ ਅਸਲ ਸਰਟੀਫਿਕੇਟ, ਸਰਟੀਫਿਕੇਟ ਦੀਆਂ ਖੁਦ ਤਸਦੀਕ ਕੀਤੀਆਂ ਫੋਟੋਕਾਪੀਆਂ ਦਾ ਇੱਕ ਸੈਟ, ਆਪਣੀ ਪਾਸਪੋਰਟ ਸਾਈਜ ਦੀਆਂ 4 ਫੋਟੋਆਂ, ਜਮ੍ਹਾਂ ਕਰਵਾਈ ਗਈ ਫੀਸ ਦਾ ਸਬੂਤ, ਆਨਲਾਈਨ ਅਪਲਾਈ ਕਰਨ ਦਾ ਫਾਰਮ, ਵਿਭਾਗ ਦੀ ਵੈਬਸਾਈਟਤੋਂ ਡਾਊਨਲੋਡ ਕੀਤਾ ਸਕਰੂਟਨੀ ਫਾਰਮ ਫਾਈਲ ਕਵਰ ਵਿੱਚ ਟੈਗ ਕਰਕੇ ਸਾਰੇ ਅਸਲ ਸਰਟੀਫਿਕੇਟ ਅਤੇ ਖੁਦ ਤਸਦੀਕੀ ਫੋਟੋਕਾਪੀਆਂ ਉਕਤ ਦਰਸਾਈ ਤਰਤੀਬ ਅਨੁਸਾਰ ਵੱਖਰੀਆਂ ਫਾਈਲਾਂ ਵਿੱਚ ਲਗਾ ਕੇ ਦਸਤਾਵੇਜਾ ਦੀ ਸਕਰੂਟਨੀ ਲਈ ਨਿੱਜੀ ਤੌਰ ਤੇ ਹਾਜਰ ਹੋਣਗੇ।

**ਸਕਰੂਟਨੀ ਲਈ ਸਡਿਊਲ ਹੇਠ ਅਨੁਸਾਰ ਹੈ:-**

| ਲੜੀ ਨੰਬਰ | ਸਕਰੂਟਨੀ ਦੀ ਮਿਤੀ | ਵੇਰਵੇ |
|---|---|---|
| 1 | 29.08.2018 | ਵਿਭਾਗ ਦੀ ਵੈਬਸਾਇਟ ਤੇ ਅਪਲੋਡ ਕੀਤੀ ਸੂਚੀ ਅਨੁਸਾਰ |

1. ਉਪਰੋਕਤ ਦਿੱਤੇ ਸਡਿਊਲ ਅਨੁਸਾਰ ਉਮੀਦਵਾਰ ਦਸਤਾਵੇਜਾਂ ਦੀ ਸਕਰੂਟਨੀ ਕਰਵਾਉਣ ਲਈ ਨਿੱਜੀ ਪੱਧਰ ਤੇ ਹਾਜ਼ਰ ਹੋਣਾ ਯਕੀਨੀ ਬਨਾਉਣ।
2. ਕਿਸੇ ਵੀ ਉਮੀਦਵਾਰ ਵੱਲੋਂ ਦਸਤਵੇਜਾ ਦੀ ਸਕਰੂਟਨੀ ਵਿੱਚ ਹਾਜਰ ਹੋਣ ਦਾ ਭਾਵ ਇਹ ਨਹੀਂ ਕਿ ਉਸ ਦਾ ਨਿਯੁਕਤੀ ਲਈ ਹੱਕ ਪੈਦਾ ਹੋ ਗਿਆ ਹੈ।
3. ਦਸਤਾਵੇਜਾ ਦੀ ਸਕਰੂਟਨੀ ਸਮੇਂ ਸਾਰੇ ਅਸਲ ਦਸਤਾਵੇਜ/ਸਰਟੀਫਿਕੇਟ ਚੈਕ ਕੀਤੇ ਜਾਣਗੇ।ਇਸ ਤੋਂ ਬਾਅਦ ਕੋਈ ਵੀ ਸਰਟੀਫਿਕੇਟ/ਦਸਤਾਵੇਜ ਕਿਸੇ ਵੀ ਸੂਰਤ ਵਿੱਚ ਨਹੀਂ ਲਿਆ ਜਾਵੇਗਾ।
4. ਅਸਲ ਦਸਤਾਵੇਜ, ਦਸਤਾਵੇਜਾ ਦੀ ਸਕਰੂਟਨੀ ਲਈ ਗਠਿਤ ਸਬ-ਕਮੇਟੀਆਂ ਕੋਲੋਂ ਚੈਕ ਕਰਵਾਉਣੇ ਅਤਿ ਜਰੂਰੀ ਹਨ।ਦਸਤਾਵੇਜ ਚੈਕ ਨਾਂ ਕਰਵਾਉਣ ਦੀ ਸੂਰਤ ਵਿੱਚ ਜਾਂ ਜਿਨ੍ਹਾਂ ਉਮੀਦਵਾਰਾਂ ਦੇ ਕੋਈ ਦਸਤਾਵੇਜ ਅਧੂਰੇ ਪਾਏ ਜਾਂਦੇ ਹਨ ਤਾਂ ਉਨ੍ਹਾਂ ਦੀ ਪਾਤਰਤਾ ਉਸ ਸਮੇਂ ਰੱਦ ਕਰ ਦਿੱਤੀ ਜਾਵੇਗੀ।
5. ਸਪੱਸ਼ਟ ਕੀਤੀ ਜਾਂਦਾ ਹੈ ਕਿ ਜੇਕਰ ਕਿਸੇ ਵੀ ਉਮੀਦਵਾਰ ਦਾ ਕੋਈ ਵੀ ਦਸਤਵੇਜ/ਸਰਟੀਫਿਕੇਟ ਗਲਤ ਜਾਂ ਜਾਅਲੀ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ **F.I.R.ਮੌਕੇ ਤੇ ਹੀ ਦਰਜ ਕਰਵਾਈ ਜਾਵੇਗੀ।**

**ਡਿਪਟੀ ਡਾਇਰੈਕਟਰ**

**ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ**